# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-02-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਂ ਨੇ ਕੱਲ੍ਹ ਪੈਰਿਸ ਵਿਚ 14ਵੇਂ ਭਾਰਤ-ਫਰਾਂਸ ਸੀਈਓਜ਼ ਫੋਰਮ ਨੂੰ ਸੰਬੋਧਨ ਕੀਤਾ। ਦੋਵਾਂ ਨੇਤਾਵਾਂ ਨੇ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧਤਾ ਦੁਹਰਾਈ ਏ। Byte ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪਿਛਲੇ ਇਕ ਦਹਾਕੇ ਦੌਰਾਨ ਭਾਰਤ ਵਿਚ ਜੋ ਤਬਦੀਲੀਆਂ ਆਈਆਂ ਨੇ, ਉਸ ਬਾਰੇ ਤੁਸੀਂ ਭਲੀਭਾਂਤ ਜਾਣਦੇ ਹੋ। ਅਸੀਂ ਸਟੇਅਬਲ ਪਾਲਿਟੀ ਅਤੇ ਪ੍ਰਾਡਿਕਟੇਬਲ ਪਾਲਿਸੀ ਤਹਿਤ ਇਹ ਈਕੋ-ਸਿਸਟਮ ਸਥਾਪਤ ਕੀਤਾ ਏ। **ਫਾਰਮ-ਪਰਫਾਰਮ-ਟ੍ਰਾਂਸਫਾਰਮ** ਦੇ ਰਸਤੇ 'ਤੇ ਚੱਲਦੇ ਹੋਏ ਭਾਰਤ ਹੁਣ ਦੁਨੀਆਂ ਦਾ ਪੰਜਵਾਂ ਸਭ ਤੋਂ ਵੱਡਾ ਅਰਥਚਾਰਾ ਏ ਤੇ ਜਲਦੀ ਹੀ ਸੰਸਾਰ ਦਾ ਤੀਜਾ ਵੱਡਾ ਅਰਥਚਾਰਾ ਬਣਨ ਜਾ ਰਿਹਾ ਏ। ਪ੍ਰਧਾਨ

ਮੰਤਰੀ ਮੋਦੀ ਨੇ ਕਿਹਾ ਕਿ ਅੰਤਰਰਾਸ਼ਟਰੀ ਵਪਾਰ ਦੀ ਸਹੂਲਤ ਲਈ, **ਡਿਜੀਟਲ ਜਨਤਕ ਬੁਨਿਆਦੀ ਢਾਂਚੇ** ਦੀ ਮਦਦ ਨਾਲ **ਇੰਡੀਆ ਟਰੇਡ-ਨੈੱਟ** ਲਾਂਚ ਕੀਤਾ ਜਾ ਰਿਹਾ ਏ ਤੇ ਅਸੀਂ ਨਵਾਂ ਸਰਲ ਇਨਕਮ ਟੈਕਸ ਕੋਡ ਲਿਆ ਰਹੇ ਹਾਂ। ਉਨ੍ਹਾਂ ਕਿਹਾ ਕਿ ਭਾਰਤ ਵਿਚ ਨਿਵੇਸ਼ ਕਰਨ ਦਾ ਇਹੀ ਸਹੀ ਸਮਾਂ ਏ। ਵਿਦੇਸ਼ ਮੰਤਰੀ ਸੁਬਰਾਮਣੀਅਮ ਜੈਸ਼ੰਕਰ ਨੇ ਵੀ ਫੋਰਮ ਨੂੰ ਸੰਬੋਧਨ ਕਰਦੇ ਹੋਏ, ਏਆਈ ਅਤੇ ਨਵੀਨਤਾ ਲਈ ਗਲੋਬਲ ਤੇ ਸਮਾਵੇਸ਼ੀ ਪਹੁੰਚ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਏ।

---------------------------------------------------

ਸ੍ਰੀ ਗੁਰੂ ਰਵਿਦਾਸ ਜੀ ਦਾ 648ਵਾਂ ਪ੍ਰਕਾਸ਼ ਪੁਰਬ ਦੇਸ਼ ਤੇ ਪੰਜਾਬ ਭਰ ਵਿਚ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਜਲੰਧਰ ਸਥਿਤ ਬੂਟਾ ਮੰਡੀ ਸਥਿਤ ਸਤਿਗੁਰੂ ਰਵਿਦਾਸ ਧਾਮ ਵਿਖੇ ਸੂਬਾ ਪੱਧਰੀ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਏ। ਇੰਞ ਹੀ ਮੋਹਾਲੀ ਜ਼ਿਲੇ ਵਿਚ ਵੀ ਸ਼ਰਧਾਲੂ ਵੱਖ -ਵੱਖ ਗੁਰਦੁਆਰਿਆਂ ਵਿਚ ਜਾ ਕੇ ਨਤਮਸਤਕ ਹੋ ਰਹੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲੋਕਾਂ ਨੂੰ ਵਧਾਈ ਦਿੱਤੀ ਏ

। ਰਾਸ਼ਟਰਪਤੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਮਹਾਨ ਸੰਤ ਸਨ, ਜਿਨ੍ਹਾਂ ਨੇ ਸਾਰਿਆਂ ਨੂੰ ਏਕਤਾ ਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਏ। ਰਾਸ਼ਟਰਪਤੀ ਨੇ ਕਿਹਾ ਕਿ ਗੁਰੂ ਜੀ ਦੀ ਬਾਣੀ, ਜਾਤ ਤੇ ਧਰਮ ਦੀਆਂ ਰੁਕਾਵਟਾਂ ਨੂੰ ਪਾਰ ਕਰਦੀ ਏ ਅਤੇ ਸਾਰੀ ਮਨੁੱਖਤਾ ਨੂੰ ਪ੍ਰੇਰਿਤ ਕਰਦੀ ਏ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਜੀ ਦੇ ਸੰਦੇਸ਼ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਅਤੇ ਬਰਾਬਰੀ ਵਾਲਾ ਸਮਾਜ ਤੇ ਵਿਕਸਤ ਰਾਸ਼ਟਰ ਬਣਾਉਣ ਵਿਚ ਯੋਗਦਾਨ ਪਾਉਣਾ ਚਾਹੀਦਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਸੰਤ ਗੁਰੂ ਰਵਿਦਾਸ ਜੀ ਨੂੰ ਉਨ੍ਹਾਂ ਦੇ ਪ੍ਰਕਾਸ਼ ਪੁਰਬ 'ਤੇ ਨਮਨ ਕੀਤਾ ਏ । ਐਕਸ ਤੇ ਸਾਂਝੀ ਕੀਤੀ ਇਕ ਪੋਸਟ ਵਿਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਸਮਾਜ ਤੋਂ ਵਿਤਕਰੇ ਨੂੰ ਖ਼ਤਮ ਕਰਨ ਲਈ, ਆਪਣਾ ਜੀਵਨ ਸਮਰਪਿਤ ਕਰ ਦਿੱਤਾ । ਉਨ੍ਹਾਂ ਕਿਹਾ ਕਿ ਸੇਵਾ, ਸਦਭਾਵਨਾ ਅਤੇ ਭਾਈਚਾਰਕ ਸਾਂਝ ਦੀ ਭਾਵਨਾ ਨਾਲ ਭਰਪੂਰ ਉਨ੍ਹਾਂ ਦੇ ਸੰਦੇਸ਼, ਹਮੇਸ਼ਾ ਸਮਾਜ ਦੇ ਕਮਜ਼ੋਰ ਤੇ ਵਾਂਝੇ ਵਰਗਾਂ ਦੀ ਭਲਾਈ ਲਈ ਮਾਰਗ ਦਰਸ਼ਕ ਬਣੇ ਰਹਿਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਮੌਕੇ ’ਤੇ ਪੰਜਾਬ ਦੇ ਲੋਕਾਂ ਨੂੰ

ਵਧਾਈ ਦਿੱਤੀ ਏ । ਆਪਣੇ ਸੁਨੇਹੇ ਵਿਚ ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਮਨੁੱਖਤਾ ਨੂੰ ਪਿਆਰ, ਦਇਆ, ਸਹਿਣਸ਼ੀਲਤਾ ਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਏ ਅਤੇ ਜਾਤ-ਪਾਤ  ਵਰਗੀ ਅਲਾਮਤ ਨੂੰ ਜੜੋ ਪੁੱਟ ਕੇ ਸਮਾਜ ਵਿਚ ਬਰਾਬਰੀ ਲਿਆਉਣ ’ਤੇ ਜ਼ੋਰ ਦਿੱਤਾ ਏ। ਭਾਰਤੀ ਜਨਤਾ ਪਾਰਟੀ ਐਸਸੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਤੇ ਹੋਰਨਾਂ ਆਗੂਆਂ ਨੇ  ਇਸ ਮੌਕੇ  ਲੋਕਾਂ ਨੂੰ ਵਧਾਈਆਂ  ਦਿਤੀਆਂ  ਨੇ ।

------------------------------------------------------------

ਉਘੀ ਫਿਲਮ ਅਦਾਕਾਰਾ ਦੀਪਿਕਾ ਪਾਦੂਕੋਣ ਨੇ ਵਿਦਿਆਰਥੀਆਂ ਨੂੰ, ਅਸਫ਼ਲਤਾ ਦੇ ਡਰ ਦੀ ਚਿੰਤਾ ਕੀਤੇ ਬਿਨਾਂ ਆਪਣੀ ਤਾਕਤ ਵੱਲ ਧਿਆਨ ਦੇਣ ਅਤੇ ਆਪਣੀਆਂ ਕਮਜ਼ੋਰੀਆਂ ਨੂੰ ਦੂਰ ਕਰਨ ਦੀ ਅਪੀਲ ਕੀਤੀ ਏ  । ਦੀਪਿਕਾ ਪਾਦੁਕੋਣ 'ਪਰੀਕਸ਼ਾ ਪੇ ਚਰਚਾ-2025 "ਦੇ ਦੂਜੇ ਐਪੀਸੋਡ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕਰ ਰਹੇ ਸਨ । ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਪਸ਼ਟਤਾ ਅਤੇ ਵਿਸ਼ਵਾਸ ਨਾਲ ਚੁਣੌਤੀਆਂ ਦਾ ਸਾਹਮਣਾ ਕਰਨਾ ਚਾਹੀਦਾ ਏ  ਅਤੇ ਜੇ ਕੋਈ ਗਲਤੀ ਹੁੰਦੀ ਏ ਤਾਂ ਘਬਰਾਉਣਾ ਨਹੀਂ ਚਾਹੀਦਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ

ਦੀ ਵਿਦਿਆਰਥੀਆਂ ਨਾਲ ਗੱਲਬਾਤ ਦਾ ਜ਼ਿਕਰ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੀਆਂ ਭਾਵਨਾਵਾਂ ਜ਼ਾਹਰ ਕਰਨੀਆਂ ਚਾਹੀਦੀਆਂ ਨੇ ਅਤੇ ਕਦੇ ਵੀ ਉਨ੍ਹਾਂ ਨੂੰ ਨਹੀਂ ਦਬਾਉਣਾ ਚਾਹੀਦਾ। ਉਨ੍ਹਾਂ ਵਿਦਿਆਰਥੀਆਂ ਨੂੰ ਲੋੜ ਪੈਣ 'ਤੇ ਪਰਿਵਾਰ ਅਤੇ ਦੋਸਤਾਂ ਨਾਲ ਖੁੱਲ੍ਹ ਕੇ ਗੱਲ ਕਰਨ ਦੀ ਅਪੀਲ ਕੀਤੀ।

---------------------------------------------------------------

ਫਤਿਹਗੜ੍ਹ ਸਾਹਿਬ ਪੁਲਿਸ ਨੇ ਨਾਕਾਬੰਦੀ ਦੌਰਾਨ ਦੋ ਵਿਅਕਤੀਆਂ ਨੂੰ ਹਥਿਆਰਾਂ ਸਮੇਤ ਗ੍ਰਿਫਤਾਰ ਕੀਤਾ ਏ। ਇਨ੍ਹਾਂ ਕੋਲੋਂ 05 ਦੇਸੀ ਪਿਸਤੌਲਾਂ ਸਮੇਤ 05 ਰੌਂਦ ਬਰਾਮਦ ਹੋਏ ਨੇ। ਫਤਿਹਗੜ੍ਹ ਸਾਹਿਬ ਦੇ ਪੁਲਿਸ ਮੁਖੀ ਡਾ. ਨਵਜੋਤ ਗਰੇਵਾਲ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਸੀ.ਆਈ.ਏ ਸਟਾਫ ਦੀ ਟੀਮ ਨੇ ਨਾਕਾਬੰਦੀ ਦੌਰਾਨ ਸਾਹਿਲ ਅਤੇ ਗੁਰਕੀਰਤ ਸਿੰਘ ਨਾਂ ਦੇ ਅਮ੍ਰਿਤਸਰ ਨਿਵਾਸੀਆਂ ਨੂੰ ਸਰਹਿੰਦ ਵਿੱਚੋਂ ਕਾਬੂ ਕੀਤਾ ਏ। ਉਨ੍ਹਾਂ ਦੱਸਿਆ ਕਿ ਇਹ ਦੋਵੇਂ ਗੈਂਗਸਟਰ, ਅਰਸ਼ ਡੱਲਾ ਲਈ ਪਟਿਆਲਾ ਜੇਲ੍ਹ ਵਿਚ ਕਤਲ ਅਤੇ ਨਜ਼ਾਇਜ਼ ਅਸਲਿਆ ਦੇ ਮੁਕੱਦਮੇ ਵਿਚ ਬੰਦ ਦੋਸ਼ੀ ਤੇਜਬੀਰ ਸਿੰਘ ਰਾਹੀਂ ਕੰਮ

ਕਰਦੇ ਸਨ। ਤੇਜਬੀਰ ਨੇ ਅਮ੍ਰਿਤਸਰ ਵਿਚ ਇਕ ਕਤਲ ਦੀ ਵਾਰਦਾਤ ਤੇ ਹੋਰ ਵੱਡੀਆਂ ਵਾਰਦਾਤਾਂ ਤੇ ਫਿਰੌਤੀਆਂ ਨੂੰ ਅੰਜਾਮ ਦੇਣ ਲਈ ਇਨ੍ਹਾਂ ਦੋਵਾਂ ਨੂੰ ਅਸਲਾ ਮੁਹੱਈਆ ਕਰਵਾਇਆ ਸੀ। ਤੇਜਬੀਰ ਸਮੇਤ ਇਨ੍ਹਾਂ ਸਾਰਿਆਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਏ।

---------------------------------------------------------------

ਤੇਜ਼ ਗੇਂਦਬਾਜ਼ ਜਸਪ੍ਰੀਤ ਬੁਮਰਾਹ ਨੂੰ ਪਿੱਠ ਦੀ ਸੱਟ ਕਾਰਨ ਆਈਸੀਸੀ ਚੈਂਪੀਅਨਜ਼ ਟਰਾਫੀ ਲਈ ਭਾਰਤੀ ਕ੍ਰਿਕਟ ਟੀਮ ਵਿਚ ਸ਼ਾਮਲ ਨਹੀਂ ਕੀਤਾ ਗਿਆ। ਇਸ ਬਾਰੇ ਭਾਰਤੀ ਕ੍ਰਿਕਟ ਕੰਟਰੋਲ ਬੋਰਡ (ਬੀਸੀਸੀਆਈ) ਨੇ ਬੀਤੀ ਰਾਤ ਕਿਹਾ ਕਿ ਬੁਮਰਾਹ ਦੀ ਥਾਂ ਹਰਸ਼ਿਤ ਰਾਣਾ ਨੂੰ ਟੀਮ ਵਿਚ ਸ਼ਾਮਲ ਕੀਤਾ ਗਿਆ ਏ।